# Prime Minister's meeting with the Prime Minister of Italy on the sidelines of G-20 Summit in Bali

November 16, 2022

# ਬਾਲੀ ਵਿੱਚ ਜੀ-20 ਸਮਿਟ ਦੌਰਾਨ ਪ੍ਰਧਾਨ ਮੰਤਰੀ ਦੀ ਇਟਲੀ ਦੇ ਪ੍ਰਧਾਨ ਮੰਤਰੀ ਨਾਲ ਮੁਲਾਕਾਤ

ਨਵੰਬਰ 16, 2022

ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ ਨੇ ਇਟਲੀ ਦੀ ਪ੍ਰਧਾਨ ਮੰਤਰੀ ਮਹਾਮਹਿਮ ਸੁਸ਼੍ਰੀ ਜੌਰਜੀਆ ਮੇਲੋਨੀ ਨਾਲ ਅੱਜ ਬਾਲੀ ਵਿੱਚ ਜੀ-20 ਸਮਿਟ ਦੌਰਾਨ ਮੁਲਾਕਾਤ ਕੀਤੀ।

2. ਪ੍ਰਧਾਨ ਮੰਤਰੀ ਨੇ ਪ੍ਰਧਾਨ ਮੰਤਰੀ ਮੇਲੋਨੀ ਨੂੰ ਇਟਲੀ ਦੀ ਪਹਿਲੀ ਮਹਿਲਾ ਪ੍ਰਧਾਨ ਮੰਤਰੀ ਵਜੋਂ ਚੁਣੇ ਜਾਣ 'ਤੇ ਵਧਾਈਆਂ ਦਿੱਤੀਆਂ। ਦੋਵਾਂ ਨੇਤਾਵਾਂ ਨੇ ਵਪਾਰ ਅਤੇ ਨਿਵੇਸ਼, ਆਤੰਕਵਾਦ ਦਾ ਮੁਕਾਬਲਾ ਅਤੇ ਲੋਕਾਂ ਦੇ ਆਪਸੀ ਸਬੰਧਾਂ ਸਮੇਤ ਵਿਭਿੰਨ ਖੇਤਰਾਂ ਵਿੱਚ ਦੁਵੱਲੇ ਸਹਿਯੋਗ ਨੂੰ ਗਹਿਰਾ ਕਰਨ 'ਤੇ ਚਰਚਾ ਕੀਤੀ।

3.ਦੋਹਾਂ ਨੇਤਾਵਾਂ ਨੇ ਆਪਸੀ ਹਿੱਤਾਂ ਦੇ ਖੇਤਰੀ ਅਤੇ ਗਲੋਬਲ ਮੁੱਦਿਆਂ 'ਤੇ ਵੀ ਵਿਚਾਰ ਵਟਾਂਦਰਾ ਕੀਤਾ।

4. ਪ੍ਰਧਾਨ ਮੰਤਰੀ ਮੋਦੀ ਭਾਰਤ ਟਲੀ ਕੂਟਨੀਤਕ ਸਬੰਧਾਂ ਦੇ 75 ਵਰ੍ਹਿਆਂ ਦਾ ਜਸ਼ਨ ਮਨਾਉਣ ਅਤੇ ਅਗਲੇ ਵਰ੍ਹੇ ਜੀ-20 ਸੰਮੇਲਨ ਦੌਰਾਨ ਭਾਰਤ ਵਿੱਚ ਪ੍ਰਧਾਨ ਮੰਤਰੀ ਮੇਲੋਨੀ ਦਾ ਸਵਾਗਤ ਕਰਨ ਲਈ ਉਤਸੁਕ ਹਨ।

**ਬਾਲੀ**

**ਨਵੰਬਰ 16, 2022**

DISCLAIMER: This is an approximate translation. The original is available in English on MEA's website and may be referred to as the official press release.